ਸਿਰੀਰਾਗੁ ਮਹਲਾ ੫ ਘਰੁ ੫ ॥ ਜਾਨਉ ਨਹੀ ਭਾਵੈ ਕਵਨ ਬਾਤਾ ॥ ਮਨ ਖੋਜਿ ਮਾਰਗੁ ॥੧॥ ਰਹਾਉ ॥ ਧਿਆਨੀ ਧਿਆਨੁ ਲਾਵਹਿ ॥ ਗਿਆਨੀ ਗਿਆਨੁ ਕਮਾਵਹਿ ॥ ਪ੍ਰਭੁ ਕਿਨ ਹੀ ਜਾਤਾ ॥ ੧॥ ਭਗਉਤੀ ਰਹਤ ਜੁਗਤਾ ॥ ਜੋਗੀ ਕਹਤ ਮੁਕਤਾ ॥ ਤਪਸੀ ਤਪਹਿ ਰਾਤਾ ॥ ੨॥ ਮੋਨੀ ਮੋਨਿਧਾਰੀ ॥ ਸਨਿਆਸੀ ਬ੍ਰਹਮਚਾਰੀ ॥ ਉਦਾਸੀ ਉਦਾਸਿ ਰਾਤਾ ॥ ੩॥ ਭਗਤਿ ਨਵੈ ਪਰਕਾਰਾ ॥ ਪੰਡਿਤੁ ਵੇਦੁ ਪੁਕਾਰਾ ॥ ਗਿਰਸਤੀ ਗਿਰਸਤਿ ਧਰਮਾਤਾ ॥੪॥ ਇਕ ਸਬਦੀ ਬਹੁ ਰੂਪਿ ਅਵਧੂਤਾ ॥ ਕਾਪੜੀ ਕਉਤੇ ਜਾਗੂਤਾ ॥ ਇਕਿ ਤੀਰਥਿ ਨਾਤਾ ॥੫॥ ਨਿਰਹਾਰ ਵਰਤੀ ਆਪਰਸਾ ॥ ਇਕਿ ਲੂਕਿ ਨ ਦੇਵਹਿ ਦਰਸਾ ॥ ਇਕਿ ਮਨ ਹੀ ਗਿਆਤਾ ॥੬॥ ਘਾਟਿ ਨ ਕਿਨ ਹੀ ਕਹਾਇਆ ॥ ਸਭ ਕਹਤੇ ਹੈ ਪਾਇਆ ॥ ਜਿਸੁ ਮੇਲੇ ਸੋ ਭਗਤਾ ॥੭॥ ਸਗਲ ਉਕਤਿ ਉਪਾਵਾ ॥ ਤਿਆਗੀ ਸਰਨਿ ਪਾਵਾ ॥ ਨਾਨਕੁ ਗੁਰ ਚਰਣਿ ਪਰਾਤਾ ॥੮॥੨॥੨੭॥ {ਪੰਨਾ 71}

ਪਦਅਰਥ:- ਨਹੀ ਜਾਨਉ—ਮੈਂ ਨਹੀਂ ਜਾਣਦਾ (ਜਾਨਉਂ)। ਕਵਨ ਬਾਤਾ—ਕੇਹੜੀ ਗੱਲ? ਭਾਵੈ—ਚੰਗੀ ਲੱਗਦੀ ਹੈ। ਮਨ—ਹੇ ਮਨ! ਮਾਰਗੁ—ਰਸਤਾ।1। ਰਹਾਉ।

ਧਿਆਨੀ—ਸਮਾਧੀਆਂ ਲਾਣ ਵਾਲੇ। ਗਿਆਨੀ—ਵਿਦਵਾਨ। ਕਿਨ ਹੀ—ਕਿਸੇ ਵਿਰਲੇ ਨੇ ਹੀ, ਕਿਨਿ ਹੀ।1।

ਭਗਉਤੀ—ਵੈਸ਼ਨਵ ਭਗਤ। ਜੁਗਤਾ—ਵਰਤ, ਤੁਲਸੀ ਮਾਲਾ ਆਦਿਕ ਸੰਜਮ। ਤਪਹਿ—ਤਪਿ ਹੀ, ਤਪ ਵਿਚ ਹੀ। ਰਾਤਾ—ਮਸਤ।2।

ਮੋਨੀ—ਚੁੱਪ ਰਹਿਣ ਵਾਲੇ। ਉਦਾਸਿ—ਉਦਾਸੀ ਭੇਖ ਵਿਚ।3।

ਨਵੈ ਪਰਕਾਰਾ—ਨੌ ਕਿਸਮ ਦੀ—ਸ੍ਰਵਨ, ਕੀਰਤਨ, ਸਿਮਰਨ, ਚਰਨ-ਸੇਵਾ, ਅਰਚਨ, ਬੰਦਨਾ, ਸਖਯ (ਮਿੱਤਰ-ਭਾਵ), ਦਾਸਯ (ਦਾਸ-ਭਾਵ), ਆਪਣਾ ਆਪ ਅਰਪਨ ਕਰਨਾ। ਗਿਰਸਤਿ—ਗ੍ਰਿਹਸਤ ਵਿਚ। ਧਰਮਾਤਮਾ—ਧਰਮ ਵਿਚ ਮਸਤ।4।

ਇਕ ਸਬਦੀ—ਜੋ ਇਕੋ ਲਫ਼ਜ਼ ਬੋਲਦੇ ਹਨ, 'ਅਲੱਖ' 'ਅਲੱਖ' ਆਖਣ ਵਾਲੇ। ਬਹੁਰੂਪਿ—ਬਹੁ-ਰੂਪੀਏ। ਅਵਧੂਤਾ—ਨਾਂਗੇ। ਕਾਪੜੀ—ਖ਼ਾਸ ਕਿਸਮ ਦਾ ਚੋਲਾ ਆਦਿਕ ਕੱਪੜਾ ਪਾਣ ਵਾਲੇ। ਕਉਤੇ—ਕਵੀ, ਨਾਟਕ ਚੇਟਕ ਜਾਂ ਸਾਂਗ ਵਿਖਾ ਕੇ ਲੋਕਾਂ ਨੂੰ ਖ਼ੁਸ਼ ਕਰਨ ਵਾਲੇ। ਜਾਗੂਤਾ—ਜਾਗਰਾ ਕਰਨ ਵਾਲੇ, ਸਦਾ ਜਾਗਦੇ ਰਹਿਣ ਵਾਲੇ। ਇਕਿ—ਅਨੇਕਾਂ। ਤੀਰਥਿ—ਤੀਰਥ ਉਤੇ।5।

ਨਿਰਹਾਰ—ਨਿਰਾਹਾਰ {ਨਿਰ-ਆਹਾਰ}। ਨਿਰਹਾਰ ਬਰਤੀ—ਭੁੱਖੇ ਰਹਿਣ ਵਾਲੇ। ਆਪਰਸਾ—ਕਿਸੇ ਨਾਲ ਨਾਹ ਛੋਹਣ ਵਾਲੇ। ਲੂਕਿ—ਲੁਕ ਕੇ (ਰਹਿਣ ਵਾਲੇ)। ਮਨ ਹੀ—ਮਨਿ ਹੀ, ਆਪਣੇ ਮਨ ਵਿਚ ਹੀ। ਗਿਆਤਾ—ਗਿਆਨਵਾਨ।6।

ਘਾਟਿ—ਘੱਟ, ਮਾੜਾ। ਕਿਨ ਹੀ—ਕਿਨਿ ਹੀ, ਕਿਸੇ ਨੇ ਭੀ।7।

ਉਕਤਿ—ਦਲੀਲ। ਉਪਾਵਾ—ਹੀਲੇ। ਪਾਵਾ—ਮੈਂ ਪਿਆ ਹਾਂ। ਪਰਾਤਾ—ਪਿਆ ਹਾਂ।8।

ਅਰਥ:- ਮੈਨੂੰ ਸਮਝ ਨਹੀਂ ਕਿ ਪਰਮਾਤਮਾ ਨੂੰ ਕੇਹੜੀ ਗੱਲ ਚੰਗੀ ਲੱਗਦੀ ਹੈ। ਹੇ ਮੇਰੇ ਮਨ! ਤੂੰ (ਉਹ) ਰਸਤਾ ਲੱਭ (ਜਿਸ ਉਤੇ ਤੁਰਿਆਂ ਪ੍ਰਭੂ ਪ੍ਰਸੰਨ ਹੋ ਜਾਏ)।1। ਰਹਾਉ।

ਸਮਾਧੀਆਂ ਲਾਣ ਵਾਲੇ ਲੋਕ ਸਮਾਧੀਆਂ ਲਾਂਦੇ ਹਨ, ਵਿਦਵਾਨ ਲੋਕ ਧਰਮ-ਚਰਚਾ ਕਰਦੇ ਹਨ, ਪਰ ਪਰਮਾਤਮਾ ਨੂੰ ਕਿਸੇ ਵਿਰਲੇ ਨੇ ਹੀ ਸਮਝਿਆ ਹੈ (ਭਾਵ, ਇਹਨਾਂ ਤਰੀਕਿਆਂ ਨਾਲ ਪਰਮਾਤਮਾ ਨਹੀਂ ਮਿਲਦਾ)।1।

ਵੈਸ਼ਨਵ ਭਗਤ (ਵਰਤ, ਤੁਲਸੀ ਮਾਲਾ, ਤੀਰਥ ਇਸ਼ਨਾਨ ਆਦਿਕ) ਸੰਜਮਾਂ ਵਿਚ ਰਹਿੰਦੇ ਹਨ। ਜੋਗੀ ਆਖਦੇ ਹਨ ਅਸੀਂ ਮੁਕਤ ਹੋ ਗਏ ਹਾਂ। ਤਪ ਕਰਨ ਵਾਲੇ ਸਾਧੂ ਤਪ (ਕਰਨ) ਵਿਚ ਹੀ ਮਸਤ ਰਹਿੰਦੇ ਹਨ।2।

ਚੁੱਪ ਸਾਧੀ ਰੱਖਣ ਵਾਲੇ ਸਾਧੂ ਚੁੱਪ ਵੱਟੀ ਰੱਖਦੇ ਹਨ। ਸੰਨਿਆਸੀ (ਸੰਨਿਆਸ ਵਿਚ) ਬ੍ਰਹਮਚਾਰੀ (ਬ੍ਰਹਮਚਰਜ ਵਿਚ) ਤੇ ਉਦਾਸੀ ਉਦਾਸ-ਭੇਖ ਵਿਚ ਮਸਤ ਰਹਿੰਦੇ ਹਨ।3।

(ਕੋਈ ਆਖਦਾ ਹੈ ਕਿ) ਭਗਤੀ ਨੌਂ ਕਿਸਮਾਂ ਦੀ ਹੈ। ਪੰਡਿਤ ਵੇਦ ਉੱਚੀ ਉੱਚੀ ਪੜ੍ਹਦਾ ਹੈ। ਗ੍ਰਿਹਸਤੀ ਗ੍ਰਿਹਸਤ-ਧਰਮ ਵਿਚ ਮਸਤ ਰਹਿੰਦਾ ਹੈ।4।

ਅਨੇਕਾਂ ਐਸੇ ਹਨ ਜੋ 'ਅਲੱਖ ਅਲੱਖ' ਪੁਕਾਰਦੇ ਹਨ, ਕੋਈ ਬਹੁ-ਰੂਪੀਏ ਹਨ, ਕੋਈ ਨਾਂਗੇ ਹਨ। ਕੋਈ ਖ਼ਾਸ ਕਿਸਮ ਦਾ ਚੋਲਾ ਆਦਿਕ ਪਹਿਨਣ ਵਾਲੇ ਹਨ। ਕੋਈ ਨਾਟਕ ਚੇਟਕ ਸਾਂਗ ਆਦਿਕ ਬਣਾ ਕੇ ਲੋਕਾਂ ਨੂੰ ਪ੍ਰਸੰਨ ਕਰਦੇ ਹਨ, ਕਈ ਐਸੇ ਹਨ ਜੋ ਰਾਤਾਂ ਜਾਗ ਕੇ ਗੁਜ਼ਾਰਦੇ ਹਨ। ਇਕ ਐਸੇ ਹਨ ਜੋ (ਹਰੇਕ) ਤੀਰਥ ਉੱਤੇ ਇਸ਼ਨਾਨ ਕਰਦੇ ਹਨ।5।

ਅਨੇਕਾਂ ਐਸੇ ਹਨ ਜੋ ਭੁੱਖੇ ਹੀ ਰਹਿੰਦੇ ਹਨ, ਕਈ ਐਸੇ ਹਨ ਜੋ ਦੂਜਿਆਂ ਨਾਲ ਛੁੰਹਦੇ ਨਹੀਂ ਹਨ (ਤਾ ਕਿ ਕਿਸੇ ਦੀ ਭਿੱਟ ਨਾਹ ਲੱਗ ਜਾਏ)। ਅਨੇਕਾਂ ਐਸੇ ਹਨ ਜੋ (ਗੁਫ਼ਾ ਆਦਿ ਵਿਚ) ਲੁਕ ਕੇ (ਰਹਿੰਦੇ ਹਨ ਤੇ ਕਿਸੇ ਨੂੰ) ਦਰਸ਼ਨ ਨਹੀਂ ਦੇਂਦੇ। ਕਈ ਐਸੇ ਹਨ ਜੋ ਆਪਣੇ ਮਨ ਵਿਚ ਹੀ ਗਿਆਨਵਾਨ ਬਣੇ ਹੋਏ ਹਨ।6।

(ਇਹਨਾਂ ਵਿਚੋਂ) ਕਿਸੇ ਨੇ ਭੀ ਆਪਣੇ ਆਪ ਨੂੰ (ਕਿਸੇ ਹੋਰ ਨਾਲੋਂ) ਘੱਟ ਨਹੀਂ ਅਖਵਾਇਆ। ਸਭ ਇਹੀ ਆਖਦੇ ਹਨ ਕਿ ਅਸਾਂ ਪਰਮਾਤਮਾ ਨੂੰ ਲੱਭ ਲਿਆ ਹੈ। ਪਰ (ਪਰਮਾਤਮਾ ਦਾ) ਭਗਤ ਉਹੀ ਹੈ ਜਿਸ ਨੂੰ (ਪਰਮਾਤਮਾ ਨੇ ਆਪ ਆਪਣੇ ਨਾਲ) ਮਿਲਾ ਲਿਆ ਹੈ।7।

ਪਰ ਮੈਂ ਤਾਂ ਇਹ ਸਾਰੀਆਂ ਦਲੀਲਾਂ ਤੇ ਸਾਰੇ ਹੀ ਉਪਾਉ ਛੱਡ ਦਿਤੇ ਹਨ ਤੇ ਪ੍ਰਭੂ ਦੀ ਹੀ ਸਰਨ ਪਿਆ ਹਾਂ।

ਨਾਨਕ ਤਾਂ ਗੁਰੂ ਦੀ ਚਰਨੀਂ ਆ ਡਿੱਗਾ ਹੈ।8।2। 27।